ਮੋਗਾ ਅਜੀਤ
ਅਜੀਤ, ਬਠਿੰਡਾ
ਸੋਮਵਾਰ, 9 ਦਸੰਬਰ 2024

ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾ ਕੇ ਬੂਥ ਦਾ ਉਦਘਾਟਨ ਕੀਤਾ

ਸਾਡਾ ਟੀਚਾ ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਤੋਂ ਵਾਂਝਾ ਨਾ ਰਹੇ-ਡਾ. ਗਗਨਦੀਪ ਸਿੰਘ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ, ਗੁਰਤੇਜ ਸਿੰਘ)- 8 ਦਸੰਬਰ ਤੋਂ 10 ਦਸੰਬਰ 2024 ਤੱਕ ਨੈਸ਼ਨਲ ਪਲਸ ਪੋਲੀਓ ਮੁਹਿੰਮ ਦੌਰਾਨ 5 ਸਾਲ ਤੱਕ ਦੇ ਜ਼ਿਲ੍ਹਾ ਮੋਗਾ ਦੇ ਬੱਚਿਆਂ ਨੂੰ ਬੂੰਦਾਂ ਪਿਲਾਈਆਂ ਗਈਆਂ। ਸੂਰਜ ਦੀਆਂ ਪਹਿਲੀਆਂ ਕਿਰਨਾਂ ਦੇ ਨਾਲ ਨਿੱਕੜੇ ਬੱਚਿਆਂ ਨੂੰ ਵਿਧਾਇਕਾ ਮੋਗਾ ਡਾ. ਅਮਨਦੀਪ ਕੌਰ ਅਰੋੜਾ ਨੇ ਪੋਲੀਓ ਰੋਕੂ ਬੂੰਦਾਂ ਪਿਲਾ ਕੇ ਬੱਸ ਸਟੈਂਡ 'ਤੇ ਬਣੇ ਪੋਲੀਓ ਬੂਥ ਦਾ ਉਦਘਾਟਨ ਕੀਤਾ। ਇਸ ਮੌਕੇ ਐਸ.ਐਮ.ਓ. ਮੋਗਾ ਡਾ. ਗਗਨਦੀਪ ਸਿੰਘ ਤੇ ਮੇਅਰ ਨਗਰ ਨਿਗਮ ਬਲਜੀਤ ਸਿੰਘ ਚਾਨੀ ਵੀ ਹਾਜ਼ਰ ਸਨ। ਡਾ. ਗਗਨਦੀਪ ਸਿੰਘ ਸਿੱਧੂ ਐੱਸ.ਐੱਮ.ਓ. ਨੇ ਕਿਹਾ ਕਿ ਸਿਵਲ ਸਰਜਨ ਮੋਗਾ ਡਾ. ਰੀਤੂ ਜੈਨ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਪੋਲੀਓ ਰੋਕੋ ਬੂੰਦਾਂ ਪਿਲਾਈਆਂ ਜਾ ਰਹੀਆਂ ਹਨ। ਸਾਡਾ ਟੀਚਾ ਹੈ ਕੋਈ ਵੀ ਬੱਚਾ ਪੋਲੀਓ ਬੂੰਦਾਂ ਤੋਂ ਵਾਂਝਾ ਨਾ ਰਹੇ। ਇਸ ਮੌਕੇ ਡਾ. ਰੀਤੂ ਜੈਨ ਸਿਵਲ ਸਰਜਨ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਮਿਤੀ 8 ਦਸੰਬਰ ਨੂੰ 395 ਬੂਥਾਂ 'ਤੇ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ ਅਤੇ 9 ਅਤੇ 10 ਨੂੰ ਸਿਹਤ ਵਿਭਾਗ ਦੀਆਂ 588 ਟੀਮਾਂ ਵਲੋਂ ਘਰ-ਘਰ ਜਾ ਕੇ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ। ਇਸ ਕੰਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਏ.ਐਨ.ਐਮ., ਆਸ਼ਾ ਵਰਕਰਾਂ, ਆਂਗਣਵਾੜੀ ਵਰਕਰ ਅਤੇ ਹੋਰ ਵਲੰਟੀਅਰ ਸਿਹਤ ਵਿਭਾਗ ਦਾ ਸਹਿਯੋਗ ਕਰਨਗੇ। ਡਾ. ਅਸ਼ੋਕ ਸਿੰਗਲਾ ਜ਼ਿਲ੍ਹਾ ਟੀਕਾਕਰਨ ਅਫ਼ਸਰ ਨੇ ਦੱਸਿਆ ਕਿ ਇਸ ਪੋਲੀਓ ਖ਼ਾਤਮਾ ਮੁਹਿੰਮ ਦੌਰਾਨ ਜ਼ਿਲ੍ਹੇ ਅੰਦਰ ਵੱਖ-ਵੱਖ ਬਲਾਕਾਂ ਅਤੇ ਸ਼ਹਿਰੀ ਖੇਤਰ ਵਿਚ ਟੀਮਾਂ ਨੂੰ ਲਾਮਬੰਦ ਕੀਤਾ ਗਿਆ ਹੈ ਤਾਂ ਜੋ ਹਰ ਬੱਚੇ ਤੱਕ ਪੋਲੀਓ ਰਹਿਤ ਬੂੰਦਾਂ ਪਹੁੰਚ ਸਕਣ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਬੱਸ ਸਟੈਂਡ, ਰੇਲਵੇ ਸਟੇਸ਼ਨ ਤੇ ਹੋਰ ਜਨਤਕ ਥਾਵਾਂ 'ਤੇ 16 ਟਰਾਂਜ਼ਿਟ ਟੀਮਾਂ ਤੇ 21 ਮੋਬਾਈਲ ਟੀਮਾਂ ਵਲੋਂ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ ਤੇ ਦੂਰ-ਦੁਰਾਡੇ ਦੇ ਇਲਾਕਿਆਂ ਵਿਚ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣ ਲਈ ਲੋੜੀਂਦੀਆਂ ਮੋਬਾਈਲ ਟੀਮਾਂ ਲਗਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਮਕਸਦ ਲਈ 79 ਸੁਪਰਵਾਈਜ਼ਰ ਲਗਾਏ ਗਏ ਹਨ। ਉਨ੍ਹਾਂ ਆਮ ਲੋਕਾਂ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਇਸ ਮੁਹਿੰਮ ਦੌਰਾਨ ਆਪਣੀ ਨੈਤਿਕ ਜ਼ਿੰਮੇਵਾਰੀ ਸਮਝਦੇ ਹੋਏ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ। ਇਸ ਮੌਕੇ ਹਰਜੀਤ ਸਿੰਘ, ਸੋਸ਼ਲ ਵੈਲਫੇਅਰ ਕਲੱਬ ਦੇ ਮੈਂਬਰ ਓਮ ਪ੍ਰਕਾਸ਼, ਅੰਮ੍ਰਿਤ ਸ਼ਰਮਾ ਜ਼ਿਲ੍ਹਾ ਮੀਡੀਆ, ਵਿਸ਼ੂ ਨੈਸਲੇ, ਅੰਮ੍ਰਿਤ ਸ਼ਰਮਾ ਕੋਆਰਡੀਨੇਟਰ ਵੀ ਹਾਜ਼ਰ ਸਨ।

ਬੱਸ ਸਟੈਂਡ 'ਤੇ ਬਣੇ ਪੋਲੀਓ ਬੂਥ ਦਾ ਉਦਘਾਟਨ ਕਰਨ ਸਮੇਂ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਤੇ ਨਾਲ ਮੇਅਰ ਬਲਜੀਤ ਸਿੰਘ ਚਾਨੀ। ਤਸਵੀਰ: ਹਰਜੀਤ ਸਿੰਘ

ਮੀਟਿੰਗ ਮੌਕੇ ਬਰਜਿੰਦਰ ਸਿੰਘ ਮੱਖਣ ਬਰਾੜ। ਨਾਲ ਹਨ ਬਲਦੇਵ ਸਿੰਘ ਮਾਣੂੰਕੇ ਅਤੇ ਹੋਰ। ਤਸਵੀਰ : ਸੰਜੀਵ ਕੋਛੜ

ਮੱਖਣ ਬਰਾੜ ਦੀ ਅਗਵਾਈ 'ਚ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਦੀ ਅਹਿਮ ਮੀਟਿੰਗ

ਬੱਧਨੀ ਕਲਾਂ, 8 ਦਸੰਬਰ (ਸੰਜੀਵ ਕੋਛੜ)- ਸ਼੍ਰੋਮਣੀ ਅਕਾਲੀ ਦਲ ਵਲੋਂ ਤਖ਼ਤੂਪੁਰਾ ਸਾਹਿਬ ਵਿਖੇ ਮਾਘੀ ਮੇਲੇ ਮੌਕੇ ਕੀਤੀ ਜਾ ਰਹੀ ਸਿਆਸੀ ਕਾਨਫ਼ਰੰਸ ਸੰਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਵਲੋਂ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਜਥੇਦਾਰ ਬਲਦੇਵ ਸਿੰਘ ਮਾਣੂੰਕੇ ਦੀ ਅਗਵਾਈ 'ਚ ਅਹੁਦੇਦਾਰਾਂ ਤੇ ਵਰਕਰਾਂ ਦੀ ਹੋਈ ਮੀਟਿੰਗ 'ਚ ਹਲਕਾ ਧਰਮਕੋਟ ਦੇ ਇੰਚਾਰਜ ਤੇ ਸੀਨੀਅਰ ਅਕਾਲੀ ਆਗੂ ਬਰਜਿੰਦਰ ਸਿੰਘ ਮੱਖਣ ਬਰਾੜ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਕਿਹਾ ਕਿ ਪਾਰਟੀ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਜਿੱਥੇ ਨਗਰ ਨਿਗਮਾਂ, ਨਗਰ ਪੰਚਾਇਤਾਂ ਤੇ ਨਗਰ ਕੌਂਸਲਾਂ ਦੀਆਂ ਚੋਣਾਂ ਲੜੀਆਂ ਜਾਣਗੀਆਂ ਉੱਥੇ ਹੀ ਮਾਘੀ ਮੇਲੇ ਮੌਕੇ ਤਖ਼ਤੂਪੁਰਾ ਸਾਹਿਬ ਵਿਖੇ ਪਾਰਟੀ ਹਾਈਕਮਾਂਡ ਵਲੋਂ ਕੀਤੀ ਜਾ ਰਹੀ ਸਿਆਸੀ ਕਾਨਫ਼ਰੰਸ ਸੰਬੰਧੀ ਵਰਕਰਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਹਲਕਾ ਇੰਚਾਰਜ ਬਲਦੇਵ ਸਿੰਘ ਮਾਣੂੰਕੇ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਬੀਤੇ ਦਿਨੀਂ ਦਰਬਾਰ ਸਾਹਿਬ 'ਚ ਕਰਵਾਏ ਗਏ ਹਮਲੇ ਦੀ ਘੋਰ ਨਿੰਦਿਆਂ ਕਰਦਿਆਂ ਕਿਹਾ ਕਿ ਅੱਜ ਦੀ ਮੀਟਿੰਗ 'ਚ ਮਾਘੀ ਮੇਲੇ ਮੌਕੇ ਕੀਤੀ ਜਾ ਰਹੀ ਕਾਨਫ਼ਰੰਸ ਸਬੰਧੀ ਅਹਿਮ ਵਿਚਾਰਾਂ ਕੀਤੀਆਂ ਗਈਆਂ ਹਨ ਤੇ ਆਉਂਦੇ ਦਿਨਾਂ 'ਚ ਪਿੰਡ-ਪਿੰਡ ਮੀਟਿੰਗਾਂ ਕਰਕੇ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਜਾਣਗੀਆਂ। ਇਸ ਮੌਕੇ ਹਰਭੁਪਿੰਦਰ ਸਿੰਘ ਲਾਡੀ ਬੁੱਟਰ, ਬੀਬੀ ਨਰਿੰਦਰ ਕੌਰ ਰਣੀਆਂ, ਰਵੀਇੰਦਰਜੀਤ ਸਿੰਘ ਰਵੀ ਨੰਬਰਦਾਰ, ਸੁਖਚੈਨ ਸਿੰਘ ਪ੍ਰਧਾਨ ਸਹਿਕਾਰੀ ਸਭਾ, ਧਰਮਿੰਦਰ ਸਿੰਘ ਸੋਨੀ ਲੋਪੋ, ਅਜੀਤਪਾਲ ਸਿੰਘ ਰਣੀਆਂ, ਐਡਵੋਕੇਟ ਅਮਨਇੰਦਰ ਸਿੰਘ ਸੋਢੀ, ਹਰਮੇਲ ਸਿੰਘ ਪ੍ਰਧਾਨ, ਰਣਧੀਰ ਸਿੰਘ ਚੂਹੜਚੱਕ, ਨਾਹਰ ਸਿੰਘ ਬੱਧਨੀ, ਹਰਜੀਤ ਸਿੰਘ ਸਾਬਕਾ ਸਰਪੰਚ ਲੋਪੋ, ਗੁਰਬਖ਼ਸ਼ ਸਿੰਘ ਰਣੀਆਂ ਆਦਿ ਹਾਜ਼ਰ ਸਨ।

ਮੁੱਢਲਾ ਸਿਹਤ ਕੇਂਦਰ ਠੱਠੀ ਭਾਈ ਦੇ ਐੱਸ.ਐੱਮ.ਓ. ਡਾ. ਸੁਖਮਨਦੀਪ ਕੌਰ ਆਪਣੀ ਟੀਮ ਨਾਲ ਭੱਠਿਆਂ 'ਤੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣ ਲਈ ਪ੍ਰੇਰਿਤ ਕਰਦੇ ਹੋਏ। ਤਸਵੀਰ : ਜਗਰੂਪ ਸਿੰਘ ਮਠਾੜੂ

ਪਲਸ ਪੋਲੀਓ ਮੁਹਿੰਮ ਦੇ ਪਹਿਲੇ ਦਿਨ ਐਸ.ਐਮ.ਓ. ਵਲੋਂ ਵੱਖ-ਵੱਖ ਖੇਤਰਾਂ ਦਾ ਨਿਰੀਖਣ

ਠੱਠੀ ਭਾਈ, 8 ਦਸੰਬਰ (ਜਗਰੂਪ ਸਿੰਘ ਮਠਾੜੂ)- ਸਿਵਲ ਸਰਜਨ ਡਾ. ਰਾਜੇਸ਼ ਅੱਤਰੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਪਲਸ ਪੋਲੀਓ ਐਸ. ਐਨ. ਆਈ. ਡੀ. ਰਾਊਂਡ ਦੇ ਪਹਿਲੇ ਦਿਨ ਐਸ.ਐਮ.ਓ. ਮੈਡਮ ਡਾ. ਸੁਖਮਨਦੀਪ ਕੌਰ ਪੀ. ਐਚ. ਸੀ. ਠੱਠੀ ਭਾਈ ਵਲੋਂ ਵੱਖ-ਵੱਖ ਏਰੀਏ ਦਾ ਦੌਰਾ ਕਰਦਿਆਂ ਚੱਲ ਰਹੀ ਪਲਸ ਪੋਲੀਓ ਮੁਹਿੰਮ ਦਾ ਨਿਰੀਖਣ ਕੀਤਾ ਗਿਆ। ਉਨ੍ਹਾਂ ਵਲੋਂ ਹਾਈ ਰਿਸਕ ਏਰੀਏ ਭੱਠੇ ਤੇ ਝੁੱਗੀਆਂ ਦਾ ਦੌਰਾ ਕੀਤਾ ਗਿਆ ਤੇ ਉੱਥੇ ਕੰਮ ਕਰਦੇ ਮਜ਼ਦੂਰਾਂ ਨੂੰ ਆਪਣੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣ ਲਈ ਉਤਸ਼ਾਹਿਤ ਕੀਤਾ ਗਿਆ। ਇਸ ਇਸ ਮੌਕੇ ਡਾ. ਅਰਜਨ ਸਿੰਘ ਨੋਡਲ ਅਫ਼ਸਰ, ਹਰਜਿੰਦਰ ਕੌਰ ਬੀ. ਈ. ਈ, ਡਾ. ਰਾਜਨ ਮੋਬਾਈਲ ਟੀਮ ਮੈਂਬਰ ਕੁਲਦੀਪ ਸਿੰਘ, ਦੀਪੂ ਆਦਿ ਹਾਜ਼ਰ ਸਨ। ਇਸੇ ਤਰ੍ਹਾਂ ਗੁਰਦੁਆਰਾ ਸਾਹਿਬ ਠੱਠੀ ਭਾਈ ਵਿਖੇ ਵੀ ਸਿਹਤ ਵਿਭਾਗ ਦੀ ਟੀਮ ਵਲੋਂ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਗਈਆਂ।

ਲੋਕਲ ਗੁਰਪੁਰਬ ਕਮੇਟੀ ਮੋਗਾ ਵਲੋਂ ਪ੍ਰਭਾਤ ਫੇਰੀਆਂ 11 ਤੋਂ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ)- ਲੋਕਲ ਗੁਰਪੁਰਬ ਕਮੇਟੀ ਮੋਗਾ ਵਲੋਂ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਸਮੇਸ਼ ਪ੍ਰਭਾਤ ਫੇਰੀਆਂ ਮੋਗਾ ਸ਼ਹਿਰ ਦੇ ਵੱਖ-ਵੱਖ ਗੁਰੂ ਸਥਾਨਾਂ ਤੋਂ ਸ਼ਹਿਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਿਤੀ 11 ਦਸੰਬਰ ਦਿਨ ਬੁੱਧਵਾਰ ਤੋਂ ਰੋਜ਼ਾ ਸਵੇਰੇ 5:30 ਵਜੇ ਅਰੰਭ ਹੋਣਗੀਆਂ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਲੋਕਲ ਗੁਰਪੁਰਬ ਕਮੇਟੀ ਦੇ ਪ੍ਰਧਾਨ ਬਲਜੀਤ ਸਿੰਘ ਵਿੱਕੀ, ਸਤਨਾਮ ਸਿੰਘ ਬੀ.ਏ., ਬਬਲੂ ਕੰਡਾ, ਅਜੀਤ ਸਿੰਘ ਮਰਵਾਹਾ ਨੇ ਦੱਸਿਆ ਕਿ 11 ਦਸੰਬਰ ਨੂੰ ਗੁਰਦੁਆਰਾ ਕਲਗੀਧਰ ਦੱਤ ਰੋਡ, 12 ਦਸੰਬਰ ਨੂੰ ਗੁਰਦੁਆਰਾ ਨਾਮਦੇਵ ਭਵਨ, 13 ਦਸੰਬਰ ਨੂੰ ਗੁਰਦੁਆਰਾ ਗੁਰੂ ਤੇਗ ਬਹਾਦਰ ਦੁਸਾਂਝ ਰੋਡ, 14 ਦਸੰਬਰ ਨੂੰ ਗੁਰਦੁਆਰਾ ਵਿਸ਼ਵਕਰਮਾ ਭਵਨ, 15 ਦਸੰਬਰ ਨੂੰ ਗੁਰਦੁਆਰਾ ਗੋਬਿੰਦਸਰ ਬਾਬਾ ਈਸ਼ਰ ਸਿੰਘ ਨਗਰ, 16 ਦਸੰਬਰ ਨੂੰ ਗੁਰਦੁਆਰਾ ਮਾਤਾ ਹਰ ਕੌਰ, 17 ਦਸੰਬਰ ਨੂੰ ਗੁਰਦੁਆਰਾ ਰਾਮਦਾਸਸਰ (ਨੈਸਲੇ), 18 ਦਸੰਬਰ ਨੂੰ ਗੁਰਦੁਆਰਾ ਧਰਮਸ਼ਾਲਾ ਰਾਜਪੂਤਾਂ, 19 ਦਸੰਬਰ ਨੂੰ ਗੁਰਦੁਆਰਾ ਸਰਦਾਰ ਨਗਰ, 20 ਦਸੰਬਰ ਨੂੰ ਗੁਰਦੁਆਰਾ ਮਾਈ ਜਾਨਕੀ, 21 ਦਸੰਬਰ ਨੂੰ ਗੁਰਦੁਆਰਾ ਬੀਬੀ ਕਾਹਨ ਕੌਰ, 22 ਦਸੰਬਰ ਨੂੰ ਗੁਰਦੁਆਰਾ ਸ੍ਰੀ ਸਿੰਘ ਸਭਾ, 23 ਦਸੰਬਰ ਨੂੰ ਗੁਰਦੁਆਰਾ ਡੇਰਾ ਬਾਬਾ ਮੱਲ ਸਿੰਘ, 24 ਦਸੰਬਰ ਨੂੰ ਗੁਰਦੁਆਰਾ ਦਸਮੇਸ਼ ਪ੍ਰਕਾਸ਼, 25 ਦਸੰਬਰ ਨੂੰ ਗੁਰਦੁਆਰਾ ਨਾਨਕਸਰ ਠਾਠ, 26 ਦਸੰਬਰ ਨੂੰ ਗੁਰਦੁਆਰਾ ਬਾਬਾ ਹਿੰਮਤ ਸਿੰਘ, 27 ਦਸੰਬਰ ਨੂੰ ਗੁਰਦੁਆਰਾ ਸੰਗਤਸਰ ਸਾਹਿਬ, 28 ਦਸੰਬਰ ਨੂੰ ਗੁਰਦੁਆਰਾ ਜੌਹੜ ਸਾਹਿਬ ਟਰੱਸਟ, 29 ਦਸੰਬਰ ਨੂੰ ਗੁਰਦੁਆਰਾ ਸ੍ਰੀ ਅਕਾਲਸਰ ਸਾਹਿਬ, 30 ਦਸੰਬਰ ਨੂੰ ਗੁਰਦੁਆਰਾ ਸੰਤ ਗੁਲਾਬ ਸਿੰਘ, 31 ਦਸੰਬਰ ਨੂੰ ਗੁਰਦੁਆਰਾ ਕਰਤਾਰ ਭਵਨ ਮੋਗਾ, 1 ਜਨਵਰੀ 2025 ਨੂੰ ਗੁਰਦੁਆਰਾ ਬਾਬਾ ਜੀਵਨ ਸਿੰਘ ਮਥੁਰਾਪੁਰੀ, 2 ਜਨਵਰੀ ਨੂੰ ਗੁਰਦੁਆਰਾ ਟਾਂਕ ਕਸ਼ੱਤਰੀ ਬਿਲਡਿੰਗ, 3 ਜਨਵਰੀ ਨੂੰ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਆਦਿ ਗੁਰੂ ਸਥਾਨਾਂ ਤੋਂ ਦਸਮੇਸ਼ ਪ੍ਰਭਾਤ ਫੇਰੀਆਂ ਕੱਢੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਵੇਰੇ 10:30 ਵਜੇ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਵਿਖੇ 4 ਜਨਵਰੀ 2025 ਦਿਨ ਸਨਿੱਚਰਵਾਰ ਨੂੰ ਸਜਾਇਆ ਜਾਵੇਗਾ।

ਲੋਕਲ ਗੁਰਪੁਰਬ ਕਮੇਟੀ ਮੋਗਾ ਵਲੋਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੱਢੀਆਂ ਜਾ ਰਹੀਆਂ ਦਸਮੇਸ਼ ਪ੍ਰਭਾਤ ਫੇਰੀਆਂ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਬਲਜੀਤ ਸਿੰਘ ਵਿੱਕੀ, ਸਤਨਾਮ ਸਿੰਘ ਬੀ.ਏ. ਤੇ ਅਜੀਤ ਸਿੰਘ ਮਰਵਾਹਾ। ਤਸਵੀਰ: ਜਸਪਾਲ ਸਿੰਘ ਬੱਬੀ

ਹਰਜਿੰਦਰ ਕੌਰ ਨੇ ਮੁੱਢਲਾ ਸਿਹਤ ਕੇਂਦਰ ਠੱਠੀ ਭਾਈ ਵਿਖੇ ਬਤੌਰ ਬੀ. ਈ. ਈ. ਅਹੁਦਾ ਸੰਭਾਲਿਆ

ਠੱਠੀ ਭਾਈ, 8 ਦਸੰਬਰ (ਜਗਰੂਪ ਸਿੰਘ ਮਠਾੜੂ)- ਮੁੱਢਲਾ ਸਿਹਤ ਕੇਂਦਰ ਠੱਠੀ ਭਾਈ ਵਿਖੇ ਬਲਾਕ ਐਜੂਕੇਟਰ (ਬੀ.ਈ.ਈ.) ਦੇ ਅਹੁਦੇ ਲਈ ਪਿਛਲੇ ਲੰਬੇ ਸਮੇਂ ਤੋਂ ਖਾਲੀ ਪਈ ਪੋਸਟ 'ਤੇ ਹਰਜਿੰਦਰ ਕੌਰ ਨੇ ਆਪਣਾ ਅਹੁਦਾ ਸੰਭਾਲ ਲਿਆ। ਇਸ ਪੋਸਟ ਦੇ ਖਾਲੀ ਹੋਣ ਨਾਲ ਸਿਹਤ ਕੇਂਦਰ ਦੇ ਕਈ ਮੁੱਦੇ ਲੰਬੇ ਸਮੇਂ ਤੱਕ ਅਧੂਰੇ ਰਹੇ, ਜੋ ਹੁਣ ਨਵੇਂ ਚਾਰਜ ਸੰਭਾਲਣ ਨਾਲ ਹੱਲ ਹੋਣ ਦੀ ਉਮੀਦ ਜਤਾਈ ਜਾ ਰਹੀ ਹੈ। ਇਸ ਮੌਕੇ ਸਿਹਤ ਕੇਂਦਰ ਦੇ ਸਟਾਫ਼ ਅਤੇ ਇਲਾਕਾ ਵਾਸੀਆਂ ਵਲੋਂ ਹਰਜਿੰਦਰ ਕੌਰ ਨੂੰ ਮੁਬਾਰਕਬਾਦ ਦਿੱਤੀ ਗਈ।

ਨਵ ਨਿਯੁਕਤ ਬੀ.ਈ.ਈ. ਮੁੱਢਲਾ ਸਿਹਤ ਕੇਂਦਰ ਠੱਠੀ ਭਾਈ ਹਰਜਿੰਦਰ ਕੌਰ।

ਵਿਅਕਤੀ ਨਾਲ ਪੁਲਿਸ ਚੌਕੀ ਲੋਪੋ ਦੇ ਇੰਚਾਰਜ ਜਸਵੰਤ ਸਿੰਘ ਤੇ ਹੋਰ ਪੁਲਿਸ ਕਰਮਚਾਰੀ। ਤਸਵੀਰ : ਸੰਜੀਵ ਕੋਛੜ

ਚੋਰੀ ਕੀਤੇ ਗਏ ਮੋਟਰ ਸਾਈਕਲਾਂ ਸਮੇਤ ਵਿਅਕਤੀ ਕਾਬੂ

ਬੱਧਨੀ ਕਲਾਂ, 8 ਦਸੰਬਰ (ਸੰਜੀਵ ਕੋਛੜ)- ਥਾਣਾ ਬੱਧਨੀ ਕਲਾਂ ਦੇ ਮੁਖੀ ਇੰਸਪੈਕਟਰ ਗੁਰਮੇਲ ਸਿੰਘ ਚਹਿਲ ਸਿੰਘ ਦੀ ਦੇਖ-ਰੇਖ ਹੇਠ ਪੁਲਿਸ ਚੌਕੀ ਲੋਪੋ ਦੇ ਇੰਚਾਰਜ ਜਸਵੰਤ ਸਿੰਘ ਸਰਾਂ ਨੇ ਚੋਰੀ ਦੇ ਮੋਟਰਸਾਈਕਲਾਂ ਸਮੇਤ ਵਿਅਕਤੀ ਨੂੰ ਕਾਬੂ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਇੰਸਪੈਕਟਰ ਗੁਰਮੇਲ ਸਿੰਘ ਚਹਿਲ ਤੇ ਸਹਾਇਕ ਥਾਣੇਦਾਰ ਜਸਵੰਤ ਸਿੰਘ ਨੇ ਦੱਸਿਆ ਕਿ ਗਸ਼ਤ ਦੌਰਾਨ ਪੁਲਿਸ ਪਾਰਟੀ ਜਦੋਂ ਬੱਸ ਸਟੈਂਡ ਲੋਪੋ ਦੇ ਨੇੜੇ ਪਹੁੰਚੀ ਤਾਂ ਕਿਸੇ ਖ਼ਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਰਵੀ ਸਿੰਘ ਉਰਫ਼ ਕੁੱਜਾ ਵਾਸੀ ਚਕਰ ਜੋ ਕਿ ਮੋਟਰਸਾਈਕਲ ਚੋਰੀ ਕਰ ਕੇ ਵੇਚਣ ਦਾ ਆਦੀ ਹੈ ਤੇ ਅੱਜ ਵੀ ਮੋਟਰ ਸਾਈਕਲ ਚੋਰੀ ਕਰਕੇ ਚਕਰ ਤੋਂ ਮੀਨੀਆਂ ਰਾਹੀਂ ਮੰਡੀ ਨਿਹਾਲ ਸਿੰਘ ਵਾਲਾ ਜਾਂ ਬੱਧਨੀ ਕਲਾਂ ਨੂੰ ਜਾਣ ਦੀ ਤਾਕ 'ਚ ਹੈ ਤਾਂ ਇਸ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਪਾਰਟੀ ਨੇ ਨਾਕਾਬੰਦੀ ਕਰਕੇ ਉਕਤ ਵਿਅਕਤੀ ਨੂੰ ਚੋਰੀ ਕੀਤੇ ਗਏ ਮੋਟਰ ਸਾਈਕਲਾਂ ਸਮੇਤ ਕਾਬੂ ਕਰ ਲਿਆ ਜਿਸ 'ਤੇ ਮੁਕੱਦਮਾ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

ਨਗਰ ਕੌਂਸਲ ਬਾਘਾ ਪੁਰਾਣਾ, ਧਰਮਕੋਟ ਤੇ ਨਗਰ ਪੰਚਾਇਤ ਫ਼ਤਿਹਗੜ੍ਹ ਪੰਜਤੂਰ ਦੀਆਂ ਆਮ ਚੋਣਾਂ ਲਈ ਰਿਟਰਨਿੰਗ ਤੇ ਸਹਾਇਕ ਰਿਟਰਨਿੰਗ ਅਫ਼ਸਰਾਂ ਦੀ ਨਿਯੁਕਤੀ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ)-ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ ਕਮ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਜਗਵਿੰਦਰਜੀਤ ਸਿੰਘ ਗਰੇਵਾਲ ਵਲੋਂ ਨਗਰ ਕੌਂਸਲ ਬਾਘਾ ਪੁਰਾਣਾ, ਧਰਮਕੋਟ ਤੇ ਨਗਰ ਪੰਚਾਇਤ ਫ਼ਤਿਹਗੜ੍ਹ ਪੰਜਤੂਰ ਦੀਆਂ ਆਮ ਚੋਣਾਂ ਸਬੰਧੀ ਰਿਟਰਨਿੰਗ ਅਫ਼ਸਰ ਤੇ ਸਹਾਇਕ ਰਿਟਰਨਿੰਗ ਅਫ਼ਸਰ ਨਿਯੁਕਤ ਕਰ ਦਿੱਤੇ ਹਨ। ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਤਹਿਸੀਲਦਾਰ ਮੋਗਾ ਨੂੰ ਨਗਰ ਕੌਂਸਲ ਧਰਮਕੋਟ ਦਾ ਰਿਟਰਨਿੰਗ ਅਫ਼ਸਰ ਤੇ ਇੰਸਪੈਕਟਰ ਫੂਡ ਸਪਲਾਈ ਧਰਮਕੋਟ ਨੂੰ ਸਹਾਇਕ ਰਿਟਰਨਿੰਗ ਅਫ਼ਸਰ ਲਗਾਇਆ ਗਿਆ ਹੈ। ਬੀ.ਡੀ.ਪੀ.ਓ. ਮੋਗਾ 2 ਨੂੰ ਨਗਰ ਕੌਂਸਲ ਬਾਘਾ ਪੁਰਾਣਾ ਦਾ ਰਿਟਰਨਿੰਗ ਅਫ਼ਸਰ ਤੇ ਇੰਸਪੈਕਟਰ ਫੂਡ ਸਪਲਾਈ ਬਾਘਾ ਪੁਰਾਣਾ ਨੂੰ ਸਹਾਇਕ ਰਿਟਰਨਿੰਗ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਇਸੇ ਤਰ੍ਹਾਂ ਬੀ.ਡੀ.ਪੀ.ਓ. ਧਰਮਕੋਟ ਨੂੰ ਨਗਰ ਪੰਚਾਇਤ ਫ਼ਤਿਹਗੜ੍ਹ ਪੰਜਤੂਰ ਦਾ ਰਿਟਰਨਿੰਗ ਅਫ਼ਸਰ ਤੇ ਇੰਸਪੈਕਟਰ ਫੂਡ ਸਪਲਾਈ ਕੋਟ ਈਸੇ ਖਾਂ ਨੂੰ ਸਹਾਇਕ ਰਿਟਰਨਿੰਗ ਅਫ਼ਸਰ ਨਿਯੁਕਤ ਕੀਤਾ ਗਿਆ ਹੈ।

ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ ਜਗਵਿੰਦਰਜੀਤ ਸਿੰਘ ਗਰੇਵਾਲ

ਬੱਧਨੀ ਕਲਾਂ ਪੁਲਿਸ ਵਲੋਂ ਭਗੌੜਾ ਗ੍ਰਿਫ਼ਤਾਰ

ਬੱਧਨੀ ਕਲਾਂ, 8 ਦਸੰਬਰ (ਸੰਜੀਵ ਕੋਛੜ)- ਥਾਣਾ ਬੱਧਨੀ ਕਲਾਂ ਦੇ ਮੁੱਖ ਅਫ਼ਸਰ ਇੰਸਪੈਕਟਰ ਗੁਰਮੇਲ ਸਿੰਘ ਚਹਿਲ ਦੀਆਂ ਹਦਾਇਤਾਂ ਅਨੁਸਾਰ ਸਹਾਇਕ ਥਾਣੇਦਾਰ ਜਗਦੇਵ ਸਿੰਘ ਨੇ ਸਮੇਤ ਪੁਲਿਸ ਪਾਰਟੀ ਮੁਕੱਦਮਾ ਨੰਬਰ 92 ਮਿਤੀ: 11 ਸਤੰਬਰ 2015 ਅਧੀਨ ਧਾਰਾ 457, 380, 411 ਤਹਿਤ ਹਰਜਿੰਦਰ ਸਿੰਘ ਉਰਫ਼ ਨੋਨੀ ਵਾਸੀ ਨੂਰ ਮਹਿਲ ਹਾਲ ਸਿਧਵਾਂ ਬੇਟ ਤਹਿ: ਜਗਰਾਉਂ ਜ਼ਿਲ੍ਹਾ ਲੁਧਿਆਣਾ ਜਿਸ ਨੂੰ 23 ਨਵੰਬਰ 2021 ਨੂੰ ਅਦਾਲਤ ਵਲੋਂ ਭਗੌੜਾ ਕਰਾਰ ਦਿੱਤਾ ਗਿਆ ਸੀ, ਨੂੰ ਗ੍ਰਿਫ਼ਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਇੰਸਪੈਕਟਰ ਗੁਰਮੇਲ ਸਿੰਘ ਚਹਿਲ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੁਖੀ ਦੀਆਂ ਹਦਾਇਤਾਂ ਅਨੁਸਾਰ ਪਿਛਲੇ ਬਕਾਇਆ ਪਏ ਕੇਸਾਂ ਦੀ ਕਾਰਵਾਈ ਅਮਲ 'ਚ ਲਿਆਉਂਦਿਆਂ ਉਕਤ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਤੇ ਅਦਾਲਤ 'ਚ ਪੇਸ਼ ਕਰ ਕੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਮੀਟਿੰਗ ਵਿਚ ਜ਼ਿਲ੍ਹਾ ਇਕਾਈ ਦੀ ਚੋਣ ਕੀਤੀ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ)- ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਹਾਲ ਮੋਗਾ ਵਿਖੇ ਚਮਕੌਰ ਸਿੰਘ ਸਰਾਂ ਦੀ ਪ੍ਰਧਾਨਗੀ ਹੇਠ ਮੋਗਾ ਜ਼ਿਲ੍ਹੇ ਦੇ ਸਿਹਤ ਵਿਭਾਗ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਹੋਈ। ਮੀਟਿੰਗ ਵਿਚ ਨਵੀਂ ਜ਼ਿਲ੍ਹਾ ਇਕਾਈ ਦੀ ਚੋਣ ਲਈ ਮਤਾ ਪਾਇਆ ਗਿਆ। ਪ੍ਰਧਾਨ ਚਮਕੌਰ ਸਿੰਘ ਸਰਾਂ ਨੇ ਸੰਬੋਧਨ ਕਰਦਿਆਂ ਪੁਰਾਣੀ ਰਿਪੋਰਟ ਪੜ੍ਹੀ ਅਤੇ ਪਿਛਲੇ ਸੰਘਰਸ਼ਾਂ ਬਾਰੇ ਚਾਨਣਾ ਪਾਇਆ ਤੇ ਜਥੇਬੰਦੀ ਦੇ ਆਗੂਆਂ ਅਤੇ ਸਾਥੀਆਂ ਵਲੋਂ ਪਾਏ ਯੋਗਦਾਨ ਲਈ ਧੰਨਵਾਦ ਕੀਤਾ। ਸੰਬੋਧਨ ਕਰਦਿਆਂ ਪ੍ਰਧਾਨ ਵਲੋਂ ਪੁਰਾਣੀ ਜਥੇਬੰਦੀ ਨੂੰ ਭੰਗ ਕਰਨ ਦਾ ਐਲਾਨ ਕੀਤਾ ਗਿਆ ਤੇ ਨਵੀਂ ਜਥੇਬੰਦੀ ਦੀ ਚੋਣ ਦੀ ਜ਼ਿੰਮੇਵਾਰੀ ਬੰਤ ਸਿੰਘ ਨੂੰ ਸੌਂਪੀ ਗਈ। ਬੰਤ ਸਿੰਘ ਦੀ ਪ੍ਰਧਾਨਗੀ ਹੇਠ ਨਵੀਂ ਬਾਡੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ ਜਿਸ ਵਿਚ ਚਮਕੌਰ ਸਿੰਘ ਸਰਾਂ ਪ੍ਰਧਾਨ, ਮਨਜੀਤ ਸਿੰਘ ਜਨਰਲ ਸਕੱਤਰ, ਬਲਵਿੰਦਰ ਸਿੰਘ ਗਿੱਲ ਵਿੱਤ ਸਕੱਤਰ, ਸੀਨੀਅਰ ਮੀਤ ਪ੍ਰਧਾਨ ਨਾਇਬ ਸਿੰਘ, ਜਗਪਾਲ ਕੌਰ ਅਤੇ ਰਾਜਕੁਮਾਰ, ਜੁਆਇੰਟ ਸਕੱਤਰ ਦੀਵਾਨ ਚੰਦ ਤੇ ਕ੍ਰਿਸ਼ਨਾ ਸ਼ਰਮਾ, ਐਡੀਟਰ ਬਾਬੂ ਬਰਿਜ ਲਾਲ, ਜੁਆਇੰਟ ਵਿੱਤ ਸਕੱਤਰ ਬਲੌਰ ਸਿੰਘ ਅਤੇ ਜੋਗਿੰਦਰਪਾਲ, ਪ੍ਰੈੱਸ ਸਕੱਤਰ ਜਗਰਾਜ ਸਿੰਘ ਤੇ ਮਲਕੀਤ ਸਿੰਘ, ਚੇਅਰਮੈਨ ਕੁਲਵੰਤ ਸਿੰਘ, ਸਰਪ੍ਰਸਤ ਬੰਤ ਸਿੰਘ ਤੇ ਨਾਇਬ ਸਿੰਘ, ਮੀਤ ਪ੍ਰਧਾਨ ਪ੍ਰੇਮ ਕਟਾਰੀਆ ਚੁਣੇ ਗਏ। ਮੀਟਿੰਗ 'ਚ ਸ਼ਾਮ ਸੁੰਦਰ, ਬਲਵਿੰਦਰ ਸ਼ਰਮਾ, ਅਮਰ ਸਿੰਘ, ਜੋਗਿੰਦਰ ਸਿੰਘ, ਨਛੱਤਰ ਸਿੰਘ, ਬੰਤਾ ਸਿੰਘ, ਕ੍ਰਿਸ਼ਨਾ ਕੋਹਲੀ, ਸੁਰਿੰਦਰ ਕੌਰ, ਰੰਜੂ ਬਾਲਾ, ਹਰਦੀਸ਼ ਕੌਰ, ਮਲਕੀਤ ਕੌਰ, ਬੇਅੰਤ ਕੌਰ ਤੇ ਨਛੱਤਰ ਕੌਰ ਸ਼ਾਮਿਲ ਹੋਏ।

ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਹਾਲ ਮੋਗਾ ਵਿਖੇ ਸਿਹਤ ਵਿਭਾਗ ਪੈਨਸ਼ਨਰਜ਼ ਐਸੋਸੀਏਸ਼ਨ ਦੇ ਅਹੁਦੇਦਾਰ ਮੀਟਿੰਗ ਕਰਦੇ ਹੋਏ। ਤਸਵੀਰ: ਹਰਜੀਤ ਸਿੰਘ

ਟੂਰਨਾਮੈਂਟ ਸਬੰਧੀ ਜਾਣਕਾਰੀ ਦਿੰਦੇ ਚੇਅਰਮੈਨ ਜਸਪਾਲ ਸਿੰਘ ਸਿੱਧੂ, ਪ੍ਰਧਾਨ ਪਰਮਜੀਤ ਸਿੰਘ ਸੰਧੂ, ਗੁਰਚਰਨ ਗਿੱਲ। ਤਸਵੀਰ : ਜਸਪਾਲ ਸਿੰਘ ਬੱਬੀ

ਮਲਕੀਅਤ ਸਿੰਘ ਸਿੱਧੂ ਦੀ ਯਾਦ 'ਚ 25ਵਾਂ ਹਾਕੀ ਟਰਾਫ਼ੀ ਟੂਰਨਾਮੈਂਟ ਖ਼ਾਲਸਾ ਹਾਕੀ ਸਟੇਡੀਅਮ ਮੋਗਾ ਵਿਖੇ ਹੋਵੇਗਾ

ਮੋਗਾ, 8 ਦਸੰਬਰ (ਜਸਪਾਲ ਸਿੰਘ ਬੱਬੀ, ਸੁਰਿੰਦਰਪਾਲ ਸਿੰਘ)- ਭੁਪਿੰਦਰਾ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਮੋਗਾ ਹਾਕੀ ਸਟੇਡੀਅਮ ਵਿਖੇ ਮਲਕੀਅਤ ਸਿੰਘ ਸਿੱਧੂ (ਸਾਬਕਾ ਮੰਤਰੀ) ਮੈਮੋਰੀਅਲ ਸਪੋਰਟਸ ਐਂਡ ਸੋਸ਼ਲ ਵੈੱਲਫੇਅਰ ਸੁਸਾਇਟੀ ਮੋਗਾ ਵਲੋਂ ਸੁਸਾਇਟੀ ਚੇਅਰਮੈਨ ਜਸਪਾਲ ਸਿੰਘ ਸਿੱਧੂ, ਪ੍ਰਧਾਨ ਪਰਮਜੀਤ ਸਿੰਘ ਸੰਧੂ, ਮੁੱਖ ਸਲਾਹਕਾਰ ਗੁਰਚਰਨ ਗਿੱਲ, ਵਾਈਸ ਚੇਅਰਮੈਨ ਐਸ. ਡੀ. ਐਮ. ਬੇਅੰਤ ਸਿੰਘ ਸਿੱਧੂ, ਪਰਮਜੀਤ ਸਿੰਘ ਡਾਲਾ ਸਾਬਕਾ ਏ.ਈ.ਓ., ਪ੍ਰਿੰਸੀਪਲ ਕੁਲਵੰਤ ਸਿੰਘ ਕਲਸੀ ਦੀ ਅਗਵਾਈ ਹੇਠ ਸਾਬਕਾ ਮੰਤਰੀ ਮਲਕੀਅਤ ਸਿੰਘ ਸਿੱਧੂ ਦੀ ਯਾਦ ਵਿਚ 25 ਵੀਂ ਚੈਂਪੀਅਨ ਹਾਕੀ ਟਰਾਫ਼ੀ ਟੂਰਨਾਮੈਂਟ ਮਿਤੀ 10, 11, 12 ਜਨਵਰੀ 2025 (ਤਿੰਨ ਰੋਜ਼ਾ) ਅੰਡਰ 19 ਸਾਲ ਲੜਕੇ ਹਾਕੀ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਹਾਕੀ ਟੀਮ ਬਾਬਾ ਫ਼ਰੀਦ 11 ਫ਼ਰੀਦਕੋਟ, ਫ਼ਿਰੋਜ਼ਪੁਰ, ਬਠਿੰਡਾ, ਸ਼੍ਰੀ ਮੁਕਤਸਰ ਸਾਹਿਬ, ਬਾਬਾ ਨਗਨ ਦਾਸ ਸੰਗਰੂਰ, ਮਲਕੀਅਤ ਸਿੰਘ ਸਿੱਧੂ ਮੋਗਾ ਹਾਕੀ ਟੀਮ, ਜਰਖੜ, ਪੀ. ਏ. ਯੂ. ਲੁਧਿਆਣਾ ਅਤੇ ਲੜਕੀਆਂ ਦੀਆਂ ਹਾਕੀ ਟੀਮਾਂ ਸੰਗਰੂਰ, ਕੈਰੋਂ ਵਿੰਗ, ਲੁਧਿਆਣਾ ਅਤੇ ਸ਼੍ਰੀ ਮੁਕਤਸਰ ਸਾਹਿਬ ਭਾਗ ਲੈਣਗੀਆਂ। ਇਸ ਮੌਕੇ ਚੇਅਰਮੈਨ ਜਸਪਾਲ ਸਿੰਘ ਸਿੱਧੂ, ਪ੍ਰਧਾਨ ਪਰਮਜੀਤ ਸਿੰਘ ਸੰਧੂ, ਮੁੱਖ ਸਲਾਹਕਾਰ ਗੁਰਚਰਨ ਗਿੱਲ, ਦਲਜੀਤ ਸਿੰਘ ਰਵੀ, ਓਮ ਪ੍ਰਕਾਸ਼ ਸ਼ਰਮਾ ਅਤੇ ਲੱਕੀ ਹਾਜ਼ਰ ਸਨ।

ਸਬ ਸੈਂਟਰ ਕਪੂਰੇ ਵਿਖੇ 5 ਸਾਲ ਤੱਕ ਦੇ ਬੱਚਿਆਂ ਨੂੰ ਪਿਲਾਈਆਂ ਪੋਲੀਓ ਰੋਕੂ ਬੂੰਦਾਂ

ਮੋਗਾ, 8 ਦਸੰਬਰ (ਗੁਰਤੇਜ ਸਿੰਘ ਬੱਬੀ)- ਸਬ ਸੈਂਟਰ ਕਪੂਰੇ ਵਿਚ ਦਲਜੀਤ ਕੌਰ ਰੌਲੀ ਦੀ ਯੋਗ ਅਗਵਾਈ ਹੇਠ 5 ਸਾਲ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਆਈਆਂ ਗਈਆਂ। ਬੱਚਿਆਂ ਨੂੰ ਬੂੰਦਾਂ ਪਿਆਉਣ ਦੀ ਸ਼ੁਰੂਆਤ ਪਿੰਡ ਦੇ ਸਰਪੰਚ ਮੋਹਨ ਲਾਲ ਤੇ ਮੈਡਮ ਪਰਮਜੀਤ ਕੌਰ ਕਪੂਰੇ ਨੇ ਕੀਤੀ। ਸਬ ਸੈਂਟਰ ਦੀ ਇੰਚਾਰਜ ਦਲਜੀਤ ਕੌਰ ਨੇ ਕਿਹਾ ਕਿ ਹਰ ਮਾਂ ਬਾਪ ਆਪਣੇ 5 ਸਾਲ ਦੇ ਬੱਚੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਜ਼ਰੂਰ ਪਿਲਾਉਣ। ਇਸ ਮੌਕੇ ਸੁਖਵਿੰਦਰ ਕੌਰ, ਮਨਜੀਤ ਕੌਰ, ਸ਼ਿੰਦਰਪਾਲ ਕੌਰ, ਦਲਜੀਤ ਕੌਰ (ਆਂਗਣਵਾੜੀ ਵਰਕਰਾਂ), ਅਕਵੀਰ ਕੌਰ, ਲਵਜੋਤ ਕੌਰ, ਹਰਸ਼ ਬਾਲਾ (ਆਸ਼ਾ ਵਰਕਰਾਂ) ਸਰਪੰਚ ਮੋਹਨ ਲਾਲ, ਪਰਮਜੀਤ ਕੌਰ ਕਪੂਰੇ, ਹਰਵਿੰਦਰ ਕੌਰ ਪੰਚ ਮਨਪ੍ਰੀਤ ਸਿੰਘ ਪੰਚ, ਬੂਟਾ ਸਿੰਘ ਪੰਚ, ਰਾਜਾ ਬਾਵਾ ਪੰਚ, ਲਖਵਿੰਦਰ ਸਿੰਘ ਪੰਚ, ਜਸਵੀਰ ਕੌਰ ਪੰਚ, ਹਰਿੰਦਰ ਕੌਰ ਪੰਚ, ਸੁਖਵਿੰਦਰ ਕੌਰ ਪੰਚ, ਕੁਲਵਿੰਦਰ ਕੌਰ ਪੰਚ, ਗੁਰਮੇਲ ਸਿੰਘ ਸੁਸਾਇਟੀ ਪ੍ਰਧਾਨ ਆਦਿ ਨੇ ਬੱਚਿਆਂ ਨੂੰ ਬੂੰਦਾਂ ਪਿਲਾਉਣ 'ਚ ਅਹਿਮ ਭੂਮਿਕਾ ਨਿਭਾਈ।

ਸਬ ਸੈਂਟਰ ਕਪੂਰੇ ਵਿਖੇ ਬੱਚਿਆਂ ਨੂੰ ਬੂੰਦਾਂ ਪਿਆਉਂਦੇ ਹੋਏ ਦਲਜੀਤ ਕੌਰ, ਸਰਪੰਚ ਪਰਮਜੀਤ ਕੌਰ ਕਪੂਰੇ, ਪਿੰਡ ਦੀ ਪੰਚਾਇਤ ਤੇ ਆਂਗਣਵਾੜੀ ਵਰਕਰਾਂ। ਅਜੀਤ ਤਸਵੀਰ

ਪਿੰਡ ਸੁਖਾਨੰਦ ਵਿਖੇ ਸੁੰਡੀ ਨਾਲ ਬਰਬਾਦ ਹੋਈ ਕਣਕ ਵਾਹ ਕੇ ਦੁਬਾਰਾ ਬੀਜਦਾ ਹੋਇਆ ਕਿਸਾਨ ਅਤੇ ਖੇਤ ਵਿਚ ਇਕੱਠੇ ਹੋਏ ਕਿਸਾਨ ਯੂਨੀਅਨ ਦੇ ਆਗੂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ। ਤਸਵੀਰਾਂ : ਜਗਰੂਪ ਸਿੰਘ ਮਠਾੜੂ

ਪਿੰਡ ਸੁਖਾਨੰਦ ਵਿਖੇ ਗੁਲਾਬੀ ਸੁੰਡੀ ਨੇ ਦਰਜਨਾਂ ਏਕੜ ਕਣਕ ਕੀਤੀ ਤਬਾਹ

ਠੱਠੀ ਭਾਈ, 8 ਦਸੰਬਰ (ਜਗਰੂਪ ਸਿੰਘ ਮਠਾੜੂ)- ਮੋਗਾ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਪਿੰਡ ਸੁਖਾਨੰਦ ਵਿਚ ਕਿਸਾਨਾਂ ਲਈ ਵੱਡੀ ਮੁਸੀਬਤ ਬਣੀ ਗੁਲਾਬੀ ਸੁੰਡੀ ਨੇ ਦਰਜਨਾਂ ਏਕੜ ਕਣਕ ਦੀ ਫ਼ਸਲ ਤਬਾਹ ਕਰ ਦਿੱਤੀ ਹੈ। ਹੈਰਾਨੀਜਨਕ ਗੱਲ ਇਹ ਹੈ ਕਿ ਇਹ ਉਹੀ ਕਿਸਾਨ ਹਨ ਜਿਨ੍ਹਾਂ ਨੇ ਸਰਕਾਰ ਤੇ ਖੇਤੀਬਾੜੀ ਮਹਿਕਮੇ ਦੀਆਂ ਹਦਾਇਤਾਂ ਦੇ ਤਹਿਤ ਬਿਨਾਂ ਪਰਾਲੀ ਨੂੰ ਅੱਗ ਲਗਾਏ ਕਣਕ ਦੀ ਬਜਾਈ ਕੀਤੀ ਸੀ। ਫ਼ਸਲ ਦੇ ਨੁਕਸਾਨ ਤੋਂ ਨਾਰਾਜ਼ ਹੋਏ ਕਿਸਾਨਾਂ ਨੇ ਸਰਕਾਰ ਤੇ ਖੇਤੀਬਾੜੀ ਮਹਿਕਮੇ ਨੂੰ ਕਸੂਰਵਾਰ ਠਹਿਰਾਉਂਦਿਆਂ ਕਿਹਾ ਕਿ ਬਿਨਾਂ ਪਰਾਲੀ ਸਾੜਨ ਵਾਲੀਆਂ ਹਦਾਇਤਾਂ ਦੀ ਪਾਲਣਾ ਕਰਨਾ ਹੁਣ ਸਾਡੇ ਲਈ ਘਾਟੇ ਦਾ ਸੌਦਾ ਸਾਬਤ ਹੋ ਰਿਹਾ ਹੈ। ਕਣਕ ਦੀ ਫ਼ਸਲ ਨੂੰ ਸੁੰਡੀ ਤੋਂ ਬਚਾਉਣ ਲਈ ਕੋਈ ਠੋਸ ਪ੍ਰਬੰਧ ਨਾ ਹੋਣ ਕਰਕੇ ਕਿਸਾਨ ਮੁਸੀਬਤਾਂ ਦਾ ਸਾਹਮਣਾ ਕਰ ਰਹੇ ਹਨ। ਦੁਬਾਰਾ ਬਜਾਈ ਕਰਨ ਵਾਲੇ ਕਿਸਾਨਾਂ ਜੱਸਾ ਸਿੰਘ ਪੁੱਤਰ ਬਲਦੇਵ ਸਿੰਘ ਜਿਨ੍ਹਾਂ ਦੀ 14 ਏਕੜ ਕਣਕ ਸੁੰਡੀ ਨੇ ਬਿਲਕੁਲ ਨਸ਼ਟ ਕਰ ਦਿੱਤੀ, ਇਸੇ ਤਰ੍ਹਾਂ ਗੁਰਦੇਵ ਸਿੰਘ ਪੁੱਤਰ ਪੂਰਨ ਸਿੰਘ ਸੁਖਾਨੰਦ ਤਿੰਨ ਏਕੜ, ਦਰਸ਼ਨ ਸਿੰਘ ਪੁੱਤਰ ਜਗਦੀਸ਼ ਸਿੰਘ ਤਿੰਨ ਏਕੜ ਅਤੇ ਗੁਰਮੇਲ ਸਿੰਘ ਪੁੱਤਰ ਤਿੱਤਰ ਸਿੰਘ ਸੁਖਾਨੰਦ 4 ਏਕੜ ਜਿਸ ਨੇ ਜ਼ਮੀਨ ਠੇਕੇ ਤੇ ਲੈ ਕੇ ਕਣਕ ਬਜਾਈ ਕੀਤੀ ਸੀ, ਦੀ ਫ਼ਸਲ ਵੀ ਸੁੰਡੀ ਨੇ ਤਬਾਹ ਕਰ ਦਿੱਤੀ, ਨੇ ਆਪਣੇ ਗ਼ੁੱਸੇ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਜਦੋਂ ਸੈਟੇਲਾਈਟਾਂ ਅਤੇ ਪੁਲਿਸ ਪ੍ਰਸ਼ਾਸਨ ਸਾਨੂੰ ਸਰਕਾਰ ਅਤੇ ਖੇਤੀਬਾੜੀ ਮਹਿਕਮੇ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਦਬਾਅ ਪਾਉਂਦੇ ਹਨ, ਤਾਂ ਹੁਣ ਜਦੋਂ ਸਾਡੀ ਫ਼ਸਲ ਤਬਾਹ ਹੋ ਗਈ ਹੈ, ਕੋਈ ਸਾਡੀ ਸਾਰ ਲੈਣ ਨਹੀਂ ਆ ਰਿਹਾ। ਕਿਸਾਨਾਂ ਨੇ ਮੰਗ ਕੀਤੀ ਹੈ ਕਿ ਸਰਕਾਰ ਤੁਰੰਤ ਮੁਆਵਜ਼ੇ ਦਾ ਐਲਾਨ ਕਰੇ ਤੇ ਸੁੰਡੀ ਤੋਂ ਬਚਾਅ ਲਈ ਢੁਕਵੇਂ ਉਪਾਅ ਸਿੱਧੇ ਮੈਦਾਨੀ ਪੱਧਰ 'ਤੇ ਲਾਗੂ ਕੀਤੇ ਜਾਣ। ਸਰਕਾਰ ਨੂੰ ਸਵਾਲਾਂ ਦੇ ਘੇਰੇ ਵਿੱਚ ਲਿਆਉਂਦਿਆਂ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂ ਲੱਖਾ ਸਿੰਘ ਸੁਖਾਨੰਦ ਦਾ ਕਹਿਣਾ ਹੈ ਕਿ ਜੇਕਰ ਬਿਨਾਂ ਪਰਾਲੀ ਸਾੜਨ ਵਾਲੇ ਨਿਯਮਾਂ ਦੀ ਪਾਲਣਾ ਕਰਨ ਦੇ ਬਾਵਜੂਦ ਅਸੀਂ ਫ਼ਸਲ ਨਹੀਂ ਬਚਾ ਸਕਦੇ ਤਾਂ ਇਹ ਹਦਾਇਤਾਂ ਸਿਰਫ਼ ਕਿਸਾਨਾਂ ਨੂੰ ਤੰਗ ਕਰਨ ਲਈ ਹੀ ਬਣਾਈਆਂ ਗਈਆਂ ਹਨ। ਹੁਣ ਜਦੋਂ ਸਾਡੀ ਮਿਹਨਤ ਅਤੇ ਪੈਸਾ ਖ਼ਤਮ ਹੋ ਗਿਆ ਹੈ, ਕੋਈ ਸਰਕਾਰੀ ਅਧਿਕਾਰੀ ਸਾਡੀ ਮਦਦ ਲਈ ਆਗੇ ਨਹੀਂ ਆ ਰਿਹਾ। ਫਿਲਹਾਲ ਪਿੰਡ ਵਿੱਚ ਮਾਹੌਲ ਤਣਾਅਪੂਰਨ ਹੈ ਤੇ ਕਿਸਾਨਾਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਸਮੇਂ ਸਿਰ ਬਰਬਾਦ ਹੋਈਆਂ ਫ਼ਸਲਾਂ ਸਬੰਧੀ ਕਿਸਾਨਾਂ ਲਈ ਕੋਈ ਪ੍ਰਬੰਧ ਨਹੀਂ ਕੀਤਾ ਤਾਂ ਉਹ ਵੱਡੇ ਪੱਧਰ 'ਤੇ ਰੋਸ ਪ੍ਰਗਟ ਕਰਨ ਲਈ ਮਜਬੂਰ ਹੋਣਗੇ।

ਪਿੰਡ ਠੱਠੀ ਭਾਈ ਦੇ ਗੁਰਦੁਆਰਾ ਸਾਹਿਬ ਵਿਖੇ ਪਲਸ ਪੋਲੀਓ ਮੁਹਿੰਮ ਦੌਰਾਨ ਪੋਲੀਓ ਰੋਕੂ ਬੂੰਦਾਂ ਪਿਲਾਉਂਦੀ ਸਿਹਤ ਵਿਭਾਗ ਦੀ ਟੀਮ। ਤਸਵੀਰ : ਜਗਰੂਪ ਸਿੰਘ ਮਠਾੜੂ